'ਮਾਲਵਾ ਸਰਪੰਚ ਡਾਇਰੈਕਟਰੀ' ਦਾ ਲੋਕ ਅਰਪਣ ਕਰਨ ਮੌਕੇ ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ। ਅਜੀਤ ਤਸਵੀਰ

# ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ 'ਮਾਲਵਾ ਸਰਪੰਚ ਡਾਇਰੈਕਟਰੀ' ਲੋਕ ਅਰਪਣ

ਬਰਨਾਲਾ, 28 ਅਕਤੂਬਰ (ਅਸ਼ੋਕ ਭਾਰਤੀ)-ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵਲੋਂ 'ਮਾਲਵਾ ਸਰਪੰਚ ਡਾਇਰੈਕਟਰੀ' ਦਾ ਲੋਕ ਅਰਪਣ ਕੀਤਾ ਗਿਆ। ਡਾਇਰੈਕਟਰੀ ਦੇ ਸੰਪਾਦਕ ਗੋਰਾ ਸੰਧੂ ਖ਼ੁਰਦ ਦੀ ਜਾਣਕਾਰੀ ਅਨੁਸਾਰ ਇਸ ਰੰਗਦਾਰ ਡਾਇਰੈਕਟਰੀ ਵਿਚ ਮਾਲਵੇ ਦੇ ਅੱਠ ਜ਼ਿਲ੍ਹਿਆਂ ਦੇ ਪਿੰਡਾਂ ਦੇ ਸਰਪੰਚਾਂ ਦੇ ਸੰਪਰਕ ਨੰਬਰ, ਸਬੰਧਿਤ ਪੁਲਿਸ ਸਟੇਸ਼ਨ, ਵਿਧਾਨ ਸਭਾ ਹਲਕਾ, ਬਲਾਕ ਆਦਿ ਦੀ ਸਾਰੀ ਜਾਣਕਾਰੀ ਸਰਪੰਚ ਦੀ ਤਸਵੀਰ ਸਮੇਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪੰਜਾਬ ਦੇ ਹਰ ਵਿਧਾਨ ਸਭਾ ਮੈਂਬਰ, ਲੋਕ ਸਭਾ ਮੈਂਬਰ, ਰਾਜ ਸਭਾ ਮੈਂਬਰ, ਪੰਜਾਬ ਪੁਲਿਸ ਦੇ ਸੰਪਰਕ ਨੰਬਰ ਵੀ ਸ਼ਾਮਿਲ ਹਨ। ਤਰੁਨਪ੍ਰੀਤ ਸਿੰਘ ਸੌਂਦ ਨੇ ਇਸ ਉਪਰਾਲੇ ਨੂੰ ਇਕ ਸ਼ਲਾਘਾਯੋਗ ਕਦਮ ਦੱਸਦਿਆਂ ਗੋਰਾ ਸੰਧੂ ਖ਼ੁਰਦ ਨੂੰ ਇਸ ਕਾਰਜ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਡਾਇਰੈਕਟਰੀ ਰਾਹੀਂ ਜਿੱਥੇ ਸਰਪੰਚਾਂ ਦਾ ਆਪਸੀ ਤਾਲਮੇਲ ਵਿਚ ਵਾਧਾ ਹੋਵੇਗਾ ਉੱਥੇ ਸਮਾਜਿਕ ਮਸਲਿਆ ਦੇ ਨਿਵਾਰਣ ਲਈ ਵੀ ਇਹ ਸਹਾਈ ਸਿੱਧ ਹੋਵੇਗੀ। 'ਹਾਣੀ' ਮੈਗਜ਼ੀਨ ਦੇ ਸੰਪਾਦਕ ਗੋਰਾ ਸੰਧੂ ਖ਼ੁਰਦ ਨੇ ਇਸ ਤੋਂ ਪਹਿਲਾਂ ਮਾਲਵਾ ਸਰਪੰਚ ਡਾਇਰੈਕਟਰੀ 2019 ਅਤੇ ਮਾਲਵਾ ਕੌਂਸਲਰ ਡਾਇਰੈਕਟਰੀ 2021 ਵੀ ਬਣਾਈ ਸੀ ਜੋ ਲੋਕਾਂ ਲਈ ਕਾਫ਼ੀ ਲਾਹੇਵੰਦ ਸਾਬਤ ਹੋਈ ਸੀ। ਇਸ ਮੌਕੇ ਜਗਤਾਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਖੰਨਾ, ਸਤਵਿੰਦਰ ਸਿੰਘ ਬੀ.ਡੀ.ਪੀ.ਓ, ਬਾਬੂ ਅਭੇ ਕੁਮਾਰ ਗਰਗ, ਕਰਨ ਅਰੋੜਾ ਓ.ਐਸ.ਡੀ, ਮਨਜੀਤ ਸਿੰਘ ਨਾਗਰਾ ਓ.ਐਸ.ਡੀ, ਜਸਪ੍ਰੀਤ ਸਿੰਘ ਪੀ.ਏ, ਬਲਵਿੰਦਰ ਸਿੰਘ ਧਾਲੀਵਾਲ ਅਤੇ ਕਰਨੈਲ ਸਿੰਘ ਗਿੱਲ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

ਤਪਾ ਮੰਡੀ, 27 ਅਕਤੂਬਰ (ਵਿਜੇ ਸ਼ਰਮਾ)-ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਲੋਂ ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ ਅਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਮਾਰੋਹ ਦੇ ਆਯੋਜਨ ਵਿਚ ਸੰਸਥਾ ਦੇ ਕੌਮੀ ਸੇਵਾ ਯੋਜਨਾ ਵਿਭਾਗ (ਐਨ.ਐਸ.ਐਸ.) ਅਤੇ ਰੈੱਡ ਰਿਬਨ ਕਲੱਬ ਸਮੇਤ ਸਹਾਰਾ ਸਮਾਜ ਸੇਵਾ ਦਾ ਵਿਸ਼ੇਸ਼ ਸਹਿਯੋਗ ਰਿਹਾ। ਕੈਂਪ ਦੌਰਾਨ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਵਲੋਂ ਖ਼ੂਨਦਾਨ ਕੀਤਾ ਗਿਆ, ਜਦਕਿ ਇਲਾਕੇ ਦੇ ਪ੍ਰਸਿੱਧ ਖ਼ੂਨਦਾਨੀਆਂ ਅਤੇ ਸਮਾਜ ਸੇਵੀਆਂ ਜਿਸ ਵਿਚ ਮਾਨਵ ਸੇਵਾ ਬਲੱਡ ਡੋਨਰਜ਼ ਸੋਸਾਇਟੀ ਫੂਲ ਟਾਊਨ ਦੇ ਪ੍ਰਧਾਨ ਮੱਖਣ ਸਿੰਘ ਬੁੱਟਰ (58 ਵਾਰ ਖ਼ੂਨਦਾਨ), ਸਮਾਜ ਕੀ ਸੇਵਾ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਦੇਵ ਰਾਜ ਗਰਗ (90 ਵਾਰ), ਸੁਰਿੰਦਰ ਗਰਗ (147 ਵਾਰ), ਪਵਨ ਮਹਿਤਾ (132 ਵਾਰ) ਅਤੇ ਸਮਾਜ ਸੇਵੀ ਪ੍ਰੀਤਮ ਸਿੰਘ ਆਰਟਿਸਟ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਬਘੇਲ ਸਿੰਘ, ਡੀਨ ਅਕਾਦਮਿਕ ਡਾ: ਜਗਵਿੰਦਰ ਸਿੰਘ ਸਿੱਧੂ ਅਤੇ ਸਹਾਇਕ ਡਾਇਰੈਕਟਰ ਜਸਵਿੰਦਰ ਸਿੰਘ ਨੇ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਸਿੱਖਿਆਵਾਂ ਤੇ ਜੀਵਨ ਦਰਸ਼ਨ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਸੇਵਾ ਨਾਲ ਜੋੜਨ ਦੀ ਅਪੀਲ ਵੀ ਕੀਤੀ। ਸਮਾਰੋਹ ਵਿਚ ਸਹਾਰਾ ਸਮਾਜ ਸੇਵਾ ਰਾਮਪੁਰਾ ਫੂਲ ਦੇ ਪ੍ਰਧਾਨ ਸੰਦੀਪ ਵਰਮਾ ਅਤੇ ਉਨ੍ਹਾਂ ਦੀ ਟੀਮ ਸੁਖਦੇਵ ਸਿੰਘ, ਜੀਵਨ ਸਿੰਘ, ਬਿੰਦਰ ਸਿੰਘ, ਜਗਸੀਰ ਸਿੰਘ, ਨਿਰਮਲ ਸਿੰਘ, ਸੁੱਖਾ ਕੋਟੜਾ ਕੌੜਾ, ਕੇਵਲ ਸਿੰਘ ਅਤੇ ਗੁਪਤਾ ਬਲੱਡ ਬੈਂਕ ਬਠਿੰਡਾ ਦੀ ਮਹੱਤਵਪੂਰਨ ਭੂਮਿਕਾ ਰਹੀ।

ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿਖੇ ਲਗਾਏ ਗਏ ਖ਼ੂਨਦਾਨ ਕੈਂਪ ਦੀ ਤਸਵੀਰ। ਅਜੀਤ ਤਸਵੀਰ

ਮਦਰ ਟੀਚਰ ਸਕੂਲ ਬਰਨਾਲਾ ਦੇ ਜੇਤੂ ਵਿਦਿਆਰਥੀ ਤਗਮਿਆਂ ਨਾਲ। ਅਜੀਤ ਤਸਵੀਰ

# ਮਦਰ ਟੀਚਰ ਸਕੂਲ ਦੇ ਵਿਦਿਆਰਥੀ ਨੇ ਨਿਸ਼ਾਨੇਬਾਜ਼ੀ ਮੁਕਾਬਲੇ 'ਚ ਚਾਂਦੀ ਦਾ ਤਗਮਾ ਜਿੱਤਿਆ

ਬਰਨਾਲਾ, 28 ਅਕਤੂਬਰ (ਅਸ਼ੋਕ ਭਾਰਤੀ)-ਮਦਰ ਟੀਚਰ ਸਕੂਲ ਬਰਨਾਲਾ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਨਿਸ਼ਾਨੇਬਾਜ਼ੀ ਮੁਕਾਬਲਿਆਂ 'ਚ ਚਾਂਦੀ ਦਾ ਤਗਮਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਜਾਣਕਾਰੀ ਪ੍ਰਿੰਸੀਪਲ ਦਲਜੀਤ ਸਿੰਘ ਨੇ ਦਿੱਤੀ ਤੇ ਦੱਸਿਆ ਕਿ ਵਿਦਿਆਰਥੀ ਅਮਨਵੀਰ ਸਿੰਘ ਪਦਮ ਨੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿਚ ਚਾਂਦੀ ਦਾ ਤਗਮਾ ਜਿੱਤਿਆ ਹੈ। ਇਸ ਸ਼ਾਨਦਾਰ ਪ੍ਰਾਪਤੀ 'ਤੇ ਪ੍ਰਿੰਸੀਪਲ ਦਲਜੀਤ ਸਿੰਘ ਰਾਣਾ ਨੇ ਅਮਨਵੀਰ ਸਿੰਘ ਪਦਮ, ਸਕੂਲ ਸਟਾਫ਼ ਤੇ ਉਸ ਦੇ ਕੋਚ ਨੂੰ ਵਧਾਈ ਦਿੱਤੀ।

ਟੀ.ਬੀ ਤਪਦਿਕ ਦੇ ਮਰੀਜ਼ਾਂ ਦੇ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਵੰਡਦੇ ਹੋਏ ਸਮਾਜ ਸੇਵੀ ਸੰਸਥਾ ਭਗਤ ਮੋਹਨ ਲਾਲ ਸੇਵਾ ਸੰਮਤੀ ਅਤੇ ਰਾਮਬਾਗ ਕਮੇਟੀ ਬਰਨਾਲਾ ਦੇ ਆਗੂ। ਅਜੀਤ ਤਸਵੀਰ

# ਭਗਤ ਮੋਹਨ ਲਾਲ ਸੇਵਾ ਸੰਮਤੀ ਨੇ ਟੀ.ਬੀ. ਦੇ ਮਰੀਜ਼ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ

ਬਰਨਾਲਾ, 28 ਅਕਤੂਬਰ (ਅਸ਼ੋਕ ਭਾਰਤੀ)-ਸਮਾਜ ਸੇਵੀ ਸੰਸਥਾ ਭਗਤ ਮੋਹਨ ਲਾਲ ਸੇਵਾ ਸੰਮਤੀ ਅਤੇ ਰਾਮਬਾਗ ਕਮੇਟੀ ਬਰਨਾਲਾ ਵਲੋਂ ਟੀ.ਬੀ ਤਪਦਿਕ ਦੇ ਮਰੀਜ਼ਾਂ ਦੇ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਦੀ ਚੌਥੀ ਕਿਸ਼ਤ ਵੰਡੀ ਗਈ। ਜਾਣਕਾਰੀ ਦਿੰਦਿਆਂ ਸੇਵਾ ਸੰਮਤੀ ਦੇ ਪ੍ਰੈੱਸ ਸਕੱਤਰ ਜਗਸੀਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਮੌਕੇ ਉੱਘੇ ਸਮਾਜ ਸੇਵੀ ਪਿਆਰਾ ਲਾਲ ਰਾਏਸਰੀਆ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮਰੀਜ਼ਾਂ ਦੇ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ। ਭਗਤ ਮੋਹਨ ਲਾਲ ਸੇਵਾ ਸੰਮਤੀ ਬਰਨਾਲਾ ਦੇ ਪ੍ਰਧਾਨ ਭਾਰਤ ਮੋਦੀ ਅਤੇ ਚੇਅਰਮੈਨ ਲਾਜਪਤ ਰਾਏ ਚੋਪੜਾ ਨੇ ਦੱਸਿਆ ਕਿ ਬਰਨਾਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਟੀ.ਬੈਨਿਥ ਵਲੋਂ ਇਕ ਮੀਟਿੰਗ ਦੌਰਾਨ ਦੱਸਿਆ ਗਿਆ ਸੀ ਕਿ ਬਰਨਾਲਾ ਵਿਚ ਤਕਰੀਬਨ 400 ਦੇ ਕਰੀਬ ਟੀ.ਬੀ ਦੇ ਮਰੀਜ਼ ਹਨ, ਜਿਨ੍ਹਾਂ ਨੂੰ ਮਹੀਨਾਵਾਰ ਰਾਸ਼ਨ ਦੀ ਜ਼ਰੂਰਤ ਹੈ। ਡੀ.ਸੀ ਬਰਨਾਲਾ ਨੇ ਵੱਖ ਵੱਖ ਸਮਾਜ ਸੰਸਥਾਵਾਂ ਨੂੰ ਇਹ ਸੇਵਾਵਾਂ ਨਿਭਾਉਣ ਦੀ ਅਪੀਲ ਕੀਤੀ ਸੀ ਅਤੇ ਭਗਤ ਮੋਹਨ ਲਾਲ ਸੇਵੀ ਸੰਮਤੀ ਨੂੰ 36 ਮਰੀਜ਼ਾਂ ਦੇ ਪਰਿਵਾਰਾਂ ਨੂੰ ਇਹ ਮਹੀਨਾ ਵਾਰ ਰਾਸ਼ਨ ਦੇਣ ਦੀ ਜ਼ਿੰਮੇਵਾਰੀ ਸੌਂਪੀ ਗਈ ਸੀ, ਜੋ ਸੇਵਾ ਸੰਮਤੀ ਵਲੋਂ ਪਿਛਲੇ 4 ਮਹੀਨਿਆਂ ਤੋਂ 36 ਮਰੀਜ਼ਾਂ ਦੇ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਨੂੰ ਵੰਡਣ ਦਾ ਸੇਵਾ ਨਿਭਾਈ ਜਾ ਰਹੀ ਹੈ। ਇਸ ਮੌਕੇ ਪਿਆਰਾ ਲਾਲ ਰਾਏਸਰੀਆ ਨੇ ਇਸ ਨੇਕ ਕਾਰਜ ਵਿਚ 21 ਹਜ਼ਾਰ ਰੁਪਏ ਦਾ ਯੋਗਦਾਨ ਪਾਉਣ ਦਾ ਐਲਾਨ ਕਰਦਿਆਂ ਕਿਹਾ ਕਿ ਭਗਤ ਮੋਹਨ ਲਾਲ ਸੇਵਾ ਸੰਮਤੀ ਬਰਨਾਲਾ ਆਪਣੇ ਇਲਾਕੇ ਲਈ ਸੇਵਾ ਕਰ ਰਹੀ ਹੈ। ਇਸ ਮੌਕੇ ਭਾਜਪਾ ਆਗੂ ਰਘਵੀਰ ਪ੍ਰਕਾਸ਼ ਗਰਗ, ਭਗਤ ਮੋਹਨ ਲਾਲ ਸੇਵਾ ਸੰਮਤੀ ਦੇ ਚੇਅਰਮੈਨ ਲਾਜਪਤ ਰਾਏ ਚੋਪੜਾ, ਮੀਤ ਪ੍ਰਧਾਨ ਠੇਕੇਦਾਰ ਬੀਰਬਲ ਦਾਸ, ਮੀਤ ਪ੍ਰਧਾਨ ਵਿਨੋਦ ਕੁਮਾਰ, ਖ਼ਜ਼ਾਨਚੀ ਵੇਦ ਪ੍ਰਕਾਸ਼, ਮੰਗਤ ਰਾਏ, ਨਰਿੰਦਰ ਚੋਪੜਾ, ਗੋਪਾਲ ਸ਼ਰਮਾ, ਹੈਪੀ ਕਾਂਝਲੀਆ, ਰਾਕੇਸ਼ ਜਿੰਦਲ, ਯਸ਼ਪਾਲ ਸਮੇਤ ਸੇਵਾ ਸੰਮਤੀ ਦੇ ਮੈਂਬਰ, ਸਿਵਲ ਹਸਪਤਾਲ ਬਰਨਾਲਾ ਦੇ ਅਧਿਕਾਰੀ ਵੀ ਹਾਜ਼ਰ ਸਨ।

# ਡੀ.ਆਈ.ਜੀ ਭੁੱਲਰ ਦੀ ਗ੍ਰਿਫ਼ਤਾਰੀ ਅਤੇ ਮਿਲੇ ਕਰੋੜਾਂ ਰੁਪਏ ਨਾਲ ਇਮਾਨਦਾਰ ਸਰਕਾਰ ਦਾ ਭ੍ਰਿਸ਼ਟਾਚਾਰ ਵਿਰੋਧੀ ਚਿਹਰਾ ਆਇਆ ਸਾਹਮਣੇ-ਗੁਰਜਿੰਦਰ ਸਿੰਘ ਸਿੱਧੂ

ਬਰਨਾਲਾ, 28 ਅਕਤੂਬਰ (ਨਰਿੰਦਰ ਅਰੋੜਾ)-ਜਿੱਥੇ ਆਮ ਆਦਮੀ ਪਾਰਟੀ ਵਲੋਂ ਸਰਕਾਰ ਬਣਾਏ ਜਾਣ ਸਮੇਂ ਇਮਾਨਦਾਰੀ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਸਨ। ਇਸ 'ਤੇ ਪ੍ਰਸ਼ਨ ਚਿੰਨ੍ਹ ਲਗਾਉਂਦਿਆਂ ਭਾਜਪਾ ਦੇ ਸੀਨੀਅਰ ਆਗੂ ਗੁਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ 2022 ਵਿਚ ਕੁਰਸੀ 'ਤੇ ਬੈਠਣ ਸਮੇਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਵੱਡਾ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੇ ਰਾਜ ਵਿਚ ਭ੍ਰਿਸ਼ਟਾਚਾਰ ਨੂੰ ਕਿਸੇ ਵੀ ਲੈਵਲ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਬੀਤੇ ਦਿਨੀਂ ਸੀ.ਬੀ.ਆਈ. ਵਲੋਂ ਗ੍ਰਿਫ਼ਤਾਰ ਕੀਤੇ ਗਏ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਵਾਲੇ ਕੇਸ ਨੇ ਅਤੇ ਕਰੋੜਾਂ ਦੀ ਬਰਾਮਦਗੀ ਨੇ ਸਰਕਾਰ ਵਲੋਂ ਲੋਕਾਂ ਨਾਲ ਕੀਤੇ ਇਸ ਵਾਅਦੇ ਦੀ ਮੁਕੰਮਲ ਤੌਰ 'ਤੇ ਭ੍ਰਿਸ਼ਟਾਚਾਰ ਵਿਰੋਧੀ ਚਿਹਰਾ ਬੇਨਕਾਬ ਕਰ ਦਿੱਤਾ ਹੈ। ਕਿਉਂਕਿ ਏਨੀ ਵੱਡੀ ਰਕਮ, ਸੋਨਾ, ਜ਼ਮੀਨ ਅਤੇ ਹੋਰ ਕਰੋੜਾਂ ਦੀ ਜਾਇਦਾਦ ਗ਼ਲਤ ਤਰੀਕਿਆਂ ਨਾਲ ਇਕੱਠੀ ਕੀਤੀ ਗਈ ਹੈ। ਮਾਨ ਸਾਹਿਬ ਤਾਂ ਛੋਟੇ-ਛੋਟੇ ਮੁਲਾਜ਼ਮਾਂ ਨੂੰ ਫੜ ਕੇ ਵੱਡੇ-ਵੱਡੇ ਬੋਰਡਾਂ ਰਾਹੀਂ ਇਸ ਦੀ ਪ੍ਰਸੰਸਾ ਕਰਦੇ ਨਹੀਂ ਸਨ ਥੱਕਦੇ। ਉਨ੍ਹਾਂ ਕਿਹਾ ਕਿ ਅਜੇ ਵੀ ਮੌਕਾ ਹੈ ਕਿ ਮਾਨ ਸਰਕਾਰ ਵੱਡੇ-ਵੱਡੇ ਮਗਰਮੱਛ ਫੜ ਕੇ ਪੰਜਾਬ ਦੇ ਲੋਕਾਂ ਨੂੰ ਇਨਸਾਫ਼ ਦੇਵੇ, ਇਨ੍ਹਾਂ ਮਗਰਮੱਛਾਂ ਤੋਂ ਕਾਲਾ ਧਨ ਬਰਾਮਦ ਕਰ ਕੇ ਪੰਜਾਬ ਸਿਰ ਚੜ੍ਹੇ ਕਰਜ਼ੇ ਦਾ ਬੋਝ ਹਲਕਾ ਕਰੇ, ਨਹੀਂ ਤਾਂ ਇਸ ਦਾ ਖ਼ਮਿਆਜ਼ਾ 2027 ਵਿਚ ਭੁਗਤਣਾ ਪਵੇਗਾ। ਇਸ ਮੌਕੇ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ, ਸੂਬੇਦਾਰ ਕਮਲ ਸ਼ਰਮਾ, ਵਾਰੰਟ ਅਫ਼ਸਰ ਸ਼ਮਸ਼ੇਰ ਸੋਖੋਂ, ਸੂਬੇਦਾਰ ਸਵਰਨਜੀਤ ਸਿੰਘ ਭੰਗੂ, ਸੂਬੇਦਾਰ ਇੰਦਰਜੀਤ ਸਿੰਘ, ਹੌਲਦਾਰ ਬਸੰਤ ਸਿੰਘ ਉੱਗੋਕੇ, ਹੌਲਦਾਰ ਰੂਪ ਸਿੰਘ ਮਹਿਤਾ ਆਦਿ ਆਗੂ ਹਾਜ਼ਰ ਸਨ।

ਗੱਲਬਾਤ ਕਰਦੇ ਹੋਏ ਭਾਜਪਾ ਹਲਕਾ ਇੰਚਾਰਜ ਭਦੌੜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਅਤੇ ਹੋਰ। ਅਜੀਤ ਤਸਵੀਰ

ਹੜ੍ਹਾਂ ਦੀ ਮਾਰ ਹੇਠ ਆਏ ਪਰਿਵਾਰਾਂ ਨੂੰ ਕੰਬਲ ਵੰਡਣ ਮੌਕੇ ਦੀਵਾਨ ਟੋਡਰ ਮੱਲ ਚੈਰੀਟੇਬਲ ਸੁਸਾਇਟੀ ਦੇ ਆਗੂ। ਅਜੀਤ ਤਸਵੀਰ

# ਦੀਵਾਨ ਟੋਡਰ ਮੱਲ ਚੈਰੀਟੇਬਲ ਸੁਸਾਇਟੀ ਵਲੋਂ ਫ਼ਿਰੋਜ਼ਪੁਰ ਦੇ ਪਿੰਡ ਧੀਰਾਂ ਘਰ ਵਿਖੇ ਹੜ੍ਹ ਪੀੜ੍ਹਤਾਂ ਦੀ ਕੀਤੀ ਮਦਦ

ਟੱਲੇਵਾਲ, 28 ਅਕਤੂਬਰ (ਸੋਨੀ ਚੀਮਾ)-ਦੀਵਾਨ ਟੋਡਰ ਮੱਲ ਚੈਰੀਟੇਬਲ ਸੁਸਾਇਟੀ ਵਲੋਂ ਆਪਣੀਆਂ ਸਮਾਜ ਸੇਵੀ ਗਤੀਵਿਧੀਆਂ ਨੂੰ ਜਾਰੀ ਰੱਖਦੇ ਹੋਏ ਸਤਲੁਜ ਦਰਿਆ ਦੇ ਨਾਲ ਲੱਗਦੇ ਪਿੰਡ ਧੀਰਾਂ ਘਰ (ਫ਼ਿਰੋਜ਼ਪੁਰ) ਵਿਖੇ ਹੜ੍ਹਾਂ ਦੀ ਮਾਰ ਹੇਠ ਆਏ 80 ਦੇ ਕਰੀਬ ਗੁਰਸਿੱਖ ਪਰਿਵਾਰਾਂ ਨੂੰ ਕੰਬਲ ਤੇ 2 ਲੱਖ ਦੇ ਕਰੀਬ ਨਕਦ ਰਾਸ਼ੀ ਵੰਡੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਮੁੱਖ ਸੇਵਾਦਾਰ ਲਖਵਿੰਦਰ ਸਿੰਘ ਲੱਖਾ ਚੂੜਚੱਕ ਤੇ ਅੰਮ੍ਰਿਤਪਾਲ ਸਿੰਘ ਜੋਧਪੁਰੀ ਨੇ ਦੱਸਿਆ ਕਿ ਦੀਵਾਨ ਟੋਡਰ ਮੱਲ ਚੈਰੀਟੇਬਲ ਸੁਸਾਇਟੀ ਵਲੋਂ ਹੜ੍ਹ ਪੀੜਤ ਲੋਕਾਂ ਦੀ ਸਮੇਂ-ਸਮੇਂ 'ਤੇ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ ਦੀ ਸਾਰੀ ਸੇਵਾ ਐਨ.ਆਰ.ਆਈ ਵੀਰ ਪਰਮਜੀਤ ਸਿੰਘ ਹੌਲੈਂਡ ਤੇ ਉਨ੍ਹਾਂ ਦੇ ਪਰਿਵਾਰ ਵਲੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵਲੋਂ ਹੜ੍ਹਾਂ ਨਾਲ ਢਹਿ ਚੁੱਕੇ ਚਾਰ ਪਰਿਵਾਰਾਂ ਦੇ ਘਰ ਬਣਾ ਕੇ ਦਿੱਤੇ ਜਾ ਰਹੇ ਹਨ ਤੇ ਚਾਰ ਲੋੜਵੰਦ ਹੜ੍ਹ ਪੀੜਤ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਵੀ ਕੀਤੇ ਜਾ ਰਹੇ ਹਨ। ਇਸ ਸਮੇਂ ਪਰਮਜੀਤ ਸਿੰਘ ਹੌਲੈਂਡ, ਕੁਲਦੀਪ ਸਿੰਘ ਦੀਪਾ ਮੁੱਲਾਂਪੁਰ, ਸਵਰਨ ਸਿੰਘ ਹਸਨਪੁਰ, ਜਗਜੀਤ ਸਿੰਘ ਕੰਗ, ਲਖਵਿੰਦਰ ਸਿੰਘ ਲੱਖਾ ਚੂੜ ਚੱਕ, ਅੰਮ੍ਰਿਤਪਾਲ ਸਿੰਘ ਜੋਧਪੁਰੀ, ਅਵਤਾਰ ਸਿੰਘ ਚੀਮਾ, ਲਖਵੀਰ ਸਿੰਘ ਜੋਧਪੁਰ, ਕਾਕਾ ਕਬੱਡੀ ਖਿਡਾਰੀ ਜੋਧਪੁਰ, ਧਰਮ ਸਿੰਘ ਬੋਪਾਰਾਏ ਵੀ ਹਾਜ਼ਰ ਸਨ।

**80 ਦੇ ਕਰੀਬ ਪੀੜਤ ਪਰਿਵਾਰਾਂ ਨੂੰ ਕੰਬਲ ਤੇ 2 ਲੱਖ ਦੀ ਨਕਦ ਰਾਸ਼ੀ ਵੰਡੀ**

# ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ ਹੋਈ

ਬਰਨਾਲਾ, 28 ਅਕਤੂਬਰ (ਨਰਿੰਦਰ ਅਰੋੜਾ)-ਆਊਟਸੋਰਸ ਸਿਹਤ ਵਿਭਾਗ ਮੁਲਾਜ਼ਮ ਯੂਨੀਅਨ ਪੰਜਾਬ ਦੀ 37 ਮੈਂਬਰੀ ਕਮੇਟੀ ਦੀ ਪਹਿਲੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਗੁਰਜਿੰਦਰ ਸਿੰਘ ਔਲਖ (ਬਠਿੰਡਾ) ਦੀ ਅਗਵਾਈ ਵਿਚ ਜ਼ਿਲ੍ਹਾ ਬਰਨਾਲਾ ਵਿਖੇ ਕੀਤੀ ਗਈ। ਜਿਸ ਵਿਚ ਆਊਟਸੋਰਸ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਮੁਸ਼ਕਲਾਂ ਨੂੰ ਹੱਲ ਕਰਵਾਉਣ ਲਈ ਵੱਖ-ਵੱਖ ਜ਼ਿਲ੍ਹਿਆਂ ਵਿਚੋਂ ਮੰਗਾਂ ਅਤੇ ਮੁਸ਼ਕਲਾਂ ਇਕੱਠੀਆਂ ਕਰ 